# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :08-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਾਰਾਣਸੀ ਰੇਲਵੇ ਸਟੇਸ਼ਨ ਤੋਂ ਪੰਜਾਬ 'ਚ ਫਿਰੋਜ਼ਪੁਰ- ਦਿੱਲੀ ਵੰਦੇ ਭਾਰਤ ਰੇਲਗੱਡੀ ਸਮੇਤ ਚਾਰ ਨਵੀਆਂ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

- ਰੇਲ ਰਾਜ ਮੰਤਰੀ, ਸ਼੍ਰੀ ਰਵਨੀਤ ਸਿੰਘ ਬਿੱਟੂ ਨੇ ਕਿਹੈ ਕਿ ਇਹ ਰੇਲਗੱਡੀ ਮਾਲਵਾ ਖੇਤਰ ਲਈ ਵਰਦਾਨ ਸਾਬਤ ਹੋਵੇਗੀ.
- ਭਾਰਤੀ ਚੋਣ ਕਮਿਸ਼ਨ ਨੇ ਤਰਨਤਾਰਨ ਦੀ ਐਸਐਸਪੀ ਡਾ. ਰਵਜੋਤ ਕੌਰ ਗਰੇਵਾਲ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰਨ ਦੇ ਨਿਰਦੇਸ਼ ਦਿੱਤੇ ਨੇ.

- ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਬਟਾਲਾ ਚ ਨਵੇਂ ਬਣੇ ਤਹਿਸੀਲ ਕੰਪਲੈਕਸ ਦੀ ਇਮਾਰਤ ਦਾ ਉਦਘਾਟਨ ਕੀਤਾ.
- ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਇਸ ਸਾਲ 6 ਤੋਂ 9 ਦਸੰਬਰ ਤੱਕ 11ਵੇਂ ਭਾਰਤੀ ਅੰਤਰਰਾਸ਼ਟਰੀ ਸਾਇੰਸ ਫੈਸਟੀਵਲ 2025 ਦੀ ਮੇਜ਼ਬਾਨੀ ਕਰੇਗੀ।
- ਭਾਰਤ ਅਤੇ ਆਸਟ੍ਰੇਲੀਆ ਵਿਚਕਾਰ ਬ੍ਰਿਸਬੇਨ ਦੇ ਗਾਬਾ ਵਿਖੇ ਪੰਜਵਾਂ ਅਤੇ ਆਖਰੀ twenty – twenty ਕ੍ਰਿਕੇਟ ਮੈਚ ਖਰਾਬ ਮੌਸਮ ਕਾਰਨ ਰੱਦ ਕਰ ਦਿੱਤਾ ਗਿਆ, ਜਿਸ ਨਾਲ ਭਾਰਤ ਨੇ 2-1 ਨਾਲ ਲੜੀ ਜਿੱਤ ਲਈ ਏ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਾਰਾਣਸੀ ਰੇਲਵੇ ਸਟੇਸ਼ਨ ਤੋਂ ਪੰਜਾਬ ‘ਚ ਫਿਰੋਜ਼ਪੁਰ – ਦਿੱਲੀ ਵੰਦੇ ਭਾਰਤ ਰੇਲਗੱਡੀ ਸਮੇਤ ਚਾਰ ਨਵੀਆਂ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਵੰਦੇ ਭਾਰਤ, ਨਮੋ ਭਾਰਤ

ਅਤੇ ਅੰਮ੍ਰਿਤ ਭਾਰਤ ਰੇਲਗੱਡੀਆਂ, ਭਾਰਤੀ ਰੇਲਵੇ ਦੀ ਅਗਲੀ ਪੀੜ੍ਹੀ ਦੀ ਨੀਂਹ ਰੱਖ ਰਹੀਆਂ ਨੇ. ਹਰ ਭਾਰਤੀ ਨੂੰ ਵੰਦੇ ਭਾਰਤ ਰੇਲਗੱਡੀ 'ਤੇ ਮਾਣ ਏ । ਇਹ ਰੇਲਗੱਡੀ ਭਾਰਤੀਆਂ ਵਲੋਂ ਭਾਰਤੀਆਂ ਲਈ, ਬਣਾਈ ਗਈ ਏ

byte

------------------------------------------------------------

ਇਸੇ ਤਹਿਤ ਅੱਜ ਫਿਰੋਜ਼ਪੁਰ ਤੋਂ ਨਵੀਂ ਦਿੱਲੀ ਤੱਕ ਵੰਦੇ ਭਾਰਤ ਐਕਸਪ੍ਰੈੱਸ ਰੇਲਗੱਡੀ ਦੀ ਸ਼ੁਰੂਆਤ ਕੀਤੀ ਗਈ। ਇਸ ਸੁਪਰਫਾਸਟ ਸੇਵਾ ਨੇ ਅੱਜ ਸ਼ਨੀਚਰਵਾਰ ਨੂੰ ਪੰਜਾਬ ਦੇ ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਤੋਂ ਆਪਣੀ ਪਹਿਲੀ ਯਾਤਰਾ ਲਈ ਰਵਾਨਗੀ ਕੀਤੀ। ਇਹ ਰੇਲ ਗੱਡੀ ਫਿਰੋਜ਼ਪੁਰ ਕੈਂਟ ਜੰਕਸ਼ਨ ਤੋਂ ਸਵੇਰੇ 8 ਵੱਜ ਕੇ 5 ਮਿੰਟ 'ਤੇ ਚੱਲਿਆ ਕਰੇਗੀ ਅਤੇ ਫਰੀਦਕੋਟ, ਬਠਿੰਡਾ, ਪਟਿਆਲਾ, ਅੰਬਾਲਾ, ਪਾਣੀਪਤ ਦੇ ਰਸਤੇ ਬਾਅਦ ਦੁਪਹਿਰ 3 ਵੱਜ ਕੇ 5 ਮਿੰਟ 'ਤੇ ਦਿੱਲੀ ਪਹੁੰਚੇਗੀ ਜਿਸ ਨਾਲ ਮਾਲਵਾ ਖੇਤਰ ਦੇ ਕਈ ਮਹੱਤਵਪੂਰਨ ਸ਼ਹਿਰ ਰਾਜਧਾਨੀ ਨਾਲ ਜੁੜ ਜਾਣਗੇ। ਬਠਿੰਡਾ ਰੇਲਵੇ ਸਟੇਸ਼ਨ ਤੇ ਪਹੁੰਚਣ ਤੇ ਲੋਕਾਂ ਨੇ ਵੰਦੇ ਭਾਰਤ ਐਕਸਪ੍ਰੈਸ ਰੇਲ ਗੱਡੀਆਂ ਦਾ ਭਰਵਾਂ ਸਵਾਗਤ ਕੀਤਾ। ਇਸ ਖਾਸ

ਮੌਕੇ 'ਤੇ, ਰੇਲ ਰਾਜ ਮੰਤਰੀ, ਸ਼੍ਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਇਹ ਕਦਮ "ਇਤਿਹਾਸਕ" ਏ ਅਤੇ ਇਹ ਨਾ ਸਿਰਫ਼ ਪਟਿਆਲਾ ਨੂੰ ਵਿਕਾਸ ਦੇ ਇੱਕ ਨਵੇਂ ਰਾਹ 'ਤੇ ਪਾਵੇਗਾ, ਸਗੋਂ ਸਮੁੱਚੇ ਮਾਲਵਾ ਖੇਤਰ ਦੇ ਵਪਾਰੀਆਂ ਸਮੇਤ ਹਰ ਵਰਗ ਦੇ ਲੋਕਾਂ ਨੂੰ ਬਹੁਤ ਵੱਡਾ ਲਾਭ ਪਹੁੰਚਾਏਗਾ। ਉਨ੍ਹਾਂ ਜ਼ੋਰ ਦਿੱਤਾ ਕਿ ਇਹ ਰੇਲਗੱਡੀ ਮਾਲਵਾ ਖੇਤਰ ਲਈ ਵਰਦਾਨ ਸਾਬਤ ਹੋਵੇਗੀ ਕਿਉਂਕਿ ਇਸਦੀ ਉੱਚ-ਰਫ਼ਤਾਰ ਘੱਟ ਤੋਂ ਘੱਟ ਸਮੇਂ ਵਿੱਚ ਵੱਧ ਤੋਂ ਵੱਧ ਦੂਰੀ ਤੈਅ ਕਰੇਗੀ. ਇਸ ਗੱਡੀ ਦੀਆਂ ਵਿਸ਼ੇਸ਼ਤਾਵਾਂ ਬਾਰੇ ਗੱਲ ਕਰਦਿਆਂ ਸ਼੍ਰੀ bittu ਨੇ ਕਿਹਾ -

byte

ਸ਼੍ਰੀ ਬਿੱਟੂ ਨੇ ਉਮੀਦ ਜਤਾਈ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵਿਕਾਸ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ ਅਤੇ ਉਨ੍ਹਾਂ ਰਾਜ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਖੇਤਰੀ ਵਿਕਾਸ ਲਈ ਕੇਂਦਰ ਸਰਕਾਰ ਨਾਲ ਸਹਿਯੋਗ ਕਰੇ।

----------------------------------------------------------

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਏ ਕਿ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਹਿਲੀ ਦਸੰਬਰ ਤੋਂ 19 ਦਸੰਬਰ ਤੱਕ

ਸੰਸਦ ਦਾ ਸਰਦੀਆਂ ਦੇ ਰੁੱਤ ਦਾ ਇਜਲਾਸ ਬੁਲਾਉਣ ਦੀ ਸਰਕਾਰ ਦੀ ਤਜਵੀਜ਼ ਨੂੰ ਮਨਜ਼ੂਰੀ ਦੇ ਦਿੱਤੀ ਏ। ਸ਼੍ਰੀ ਰਿਜਿਜੂ ਨੇ ਕਿਹਾ ਕਿ ਸਰਕਾਰ ਇੱਕ ਉਸਾਰੂ ਅਤੇ ਅਰਥਪੂਰਨ ਇਜਲਾਸ ਦੀ ਉਮੀਦ ਕਰ ਰਹੀ ਏ ਜੋ ਲੋਕਰਾਜ ਨੂੰ ਮਜ਼ਬੂਤ ਕਰੇਗਾ ਅਤੇ ਦੇਸ਼ ਵਾਸੀਆਂ ਦੀਆਂ ਇੱਛਾਵਾਂ ਨੂੰ ਪੂਰਾ ਕਰੇਗਾ।

--------------------------------------------------------

ਭਾਰਤੀ ਚੋਣ ਕਮਿਸ਼ਨ ਨੇ ਤਰਨਤਾਰਨ ਦੀ ਐਸਐਸਪੀ ਡਾ. ਰਵਜੋਤ ਕੌਰ ਗਰੇਵਾਲ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰਨ ਦੇ ਨਿਰਦੇਸ਼ ਦਿੱਤੇ ਨੇ. ਪੁਲਿਸ ਕਮਿਸ਼ਨਰ , ਅੰਮ੍ਰਿਤਸਰ, ਗੁਰਪ੍ਰੀਤ ਸਿੰਘ ਭੁੱਲਰ, ਨੂੰ ਤੁਰੰਤ ਪ੍ਰਭਾਵ ਨਾਲ ਐਸਐਸਪੀ, ਤਰਨਤਾਰਨ ਦਾ ਵਾਧੂ ਚਾਰਜ ਦਿੱਤਾ ਗਿਆ ਏ । ਤਰਨ ਤਾਰਨ ਵਿਚ 11 ਤਰੀਕ ਨੂੰ ਵਿਧਾਨਸਭਾ ਜ਼ਿਮਨੀ ਚੋਣ ਹੋਣੀ ਏ.

--------------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਬਟਾਲਾ ਚ ਨਵੇਂ ਬਣੇ ਤਹਿਸੀਲ ਕੰਪਲੈਕਸ ਦੀ ਇਮਾਰਤ ਦਾ ਉਦਘਾਟਨ ਕੀਤਾ.

ਬਟਾਲਾ ਅਤੇ ਡੇਰਾ ਬਾਬਾ ਨਾਨਕ ਦੇ ਵਿਧਾਇਕਾਂ ਸਮੇਤ ਦੂਸਰੇ ਅਹੁਦੇਦਾਰ ਅਤੇ ਪ੍ਰਸ਼ਾਸਨਿਕ ਅਧਿਕਾਰੀ ਵੀ ਇਸ ਮੌਕੇ ਮੌਜੂਦ ਸਨ. ਬਟਾਲਾ ਹਲਕੇ ਸਮੇਤ ਵੱਖ-ਵੱਖ ਨੇੜਲੇ ਹਲਕਿਆਂ ਦੇ ਕਰੀਬ 314 ਪਿੰਡਾਂ ਦੇ ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸਹੂਲਤਾਂ ਮੁਹੱਈਆ ਹੋਣਗੀਆਂ। ਕਰੀਬ 1 ਏਕੜ 5.5 ਕਨਾਲ ਵਿੱਚ ਉਸਾਰੇ ਗਏ ਇਸ ਤਹਿਸੀਲ ਕੰਪਲੈਕਸ ਵਿੱਚ ਐਸ.ਡੀ.ਐਮ. ਦਫ਼ਤਰ, ਰੀਡਰ ਰੂਮ, ਐਸ.ਡੀ.ਐਮ. ਕੋਰਟ, ਵੇਟਿੰਗ ਹਾਲ, ਫਰਦ ਸੈਂਟਰ, ਸਬ ਰਜਿਸਟਾਰ ਆਫ਼ਿਸ, ਸਟਾਫ਼ ਰੂਮ, ਰਜਿਸਟ੍ਰੇਸ਼ਨ ਰੂਮ, ਤਹਿਸੀਲਦਾਰ ਤੇ ਨਾਇਬ ਤਹਿਸੀਲਦਾਰ ਦੇ ਦਫ਼ਤਰ ਆਦਿ ਸਥਿਤ ਨੇ. ਕੰਪਲੈਕਸ ਵਿੱਚ ਕਾਨੂੰਗੋ, ਪਟਵਾਰਖਾਨੇ ਤੋਂ ਇਲਾਵਾ ਸੇਵਾ ਕੇਂਦਰ ਵੀ ਏ । ਅਤਿ ਆਧੁਨਿਕ ਸਹੂਲਤਾਂ ਨਾਲ ਲੈੱਸ ਇਸ ਨਵੇਂ ਤਹਿਸੀਲ ਕੰਪਲੈਕਸ ਬਟਾਲਾ ਦੇ ਨੇੜੇ ਹੀ ਜੁਡੀਸ਼ੀਅਲ ਕੰਪਲੈਕਸ ਬਟਾਲਾ ਅਤੇ ਪੁਲਿਸ ਲਾਈਨ ਸਥਿਤ ਏ ਜਿਸ ਨਾਲ ਲੋਕਾਂ ਨੂੰ ਆਪਣੇ ਕੰਮ ਕਰਨੇ ਸੁਖਾਲੇ ਹੋਣਗੇ. ਇਸ ਕੰਪਲੈਕਸ ਬਾਰੇ ਗੱਲ ਕਰਦਿਆਂ ਮੁਖ ਮੰਤਰੀ ਨੇ ਕਿਹਾ-

byte

ਨਵੇਂ ਤਹਿਸੀਲ ਕੰਪਲੈਕਸ ਬਣਾਉਣ ਦਾ ਨੀਂਹ ਪੱਥਰ 4 ਜਨਵਰੀ 2024 ਨੂੰ ਰੱਖਿਆ ਗਿਆ ਸੀ, ਜਿਸਦੀ ਇਮਾਰਤ ਰਿਕਾਰਡ 15 ਮਹੀਨਿਆਂ ਵਿੱਚ ਮੁਕੰਮਲ ਹੋ ਗਈ ਸੀ।

---------------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਇਸ ਸਾਲ 6 ਤੋਂ 9 ਦਸੰਬਰ ਤੱਕ 11ਵੇਂ ਭਾਰਤੀ ਅੰਤਰਰਾਸ਼ਟਰੀ ਸਾਇੰਸ ਫੈਸਟੀਵਲ (IISF-2025) ਦੀ ਮੇਜ਼ਬਾਨੀ ਕਰੇਗੀ। ਇਸ ਸ਼ਾਨਦਾਰ ਅੰਤਰਰਾਸ਼ਟਰੀ ਸਾਇੰਸ ਫੈਸਟੀਵਲ ਲਈ ਉਲਟੀ  ਗਿਣਤੀ ਦੀ ਸ਼ੁਰੂਆਤ ਲਈ ਇੱਕ ਸਾਈਕਲ ਰੈਲੀ ਨੂੰ ਹਰੀ ਝੰਡੀ ਦਿਖਾਉਂਦੇ ਹੋਏ, ਧਰਤੀ ਵਿਗਿਆਨ ਮੰਤਰਾਲੇ (MoES) ਦੇ ਸਕੱਤਰ, ਡਾ. ਐਮ. ਰਵੀਚੰਦਰਨ ਨੇ ਕਿਹਾ ਕਿ ਇਸ ਸਾਲ ਦਾ ਫੈਸਟੀਵਲ ਖਾਸ ਤੌਰ 'ਤੇ ਉੱਤਰ-ਪੱਛਮੀ ਭਾਰਤ 'ਤੇ ਕੇਂਦ੍ਰਿਤ ਹੋਵੇਗਾ। PU ਦੇ ਵਾਈਸ ਚਾਂਸਲਰ, ਪ੍ਰੋਫੈਸਰ ਰੇਣੂ ਵਿਗ ਅਤੇ ਹੋਰ ਪਤਵੰਤੇ ਵੀ ਇਸ ਮੌਕੇ ਮੌਜੂਦ ਸਨ। ਡਾ. ਰਵੀਚੰਦਰਨ ਨੇ ਕਿਹਾ ਕਿ ਮੰਤਰਾਲਾ ਇਸ ਗੱਲ ਦੀ ਪੜਚੋਲ ਕਰ ਰਿਹਾ ਏ ਕਿ ਵਿਗਿਆਨ ਅਤੇ ਤਕਨਾਲੋਜੀ ਕਿਵੇਂ

ਚੁਣੌਤੀਆਂ ਦਾ ਸਾਹਮਣਾ ਕਰ ਸਕਦੇ ਨੇ ਜਿਸ ਵਿੱਚ ਮੌਸਮ ਦੀ ਪੇਸ਼ੀਨਗੋਈ, ਆਫ਼ਤ ਸਮੇਂ ਪ੍ਰਬੰਧ ਅਤੇ ਖੇਤਰ ਅਤੇ ਦੇਸ਼ ਦਾ ਸਮੁੱਚੇ ਸਮਾਜਿਕ ਵਿਕਾਸ ਸ਼ਾਮਲ ਨੇ. ਉਨ੍ਹਾਂ ਨੇ ਨੌਜਵਾਨ ਮਨਾਂ ਨੂੰ ਭਾਰਤੀ ਅੰਤਰਰਾਸ਼ਟਰੀ ਸਾਇੰਸ ਫੈਸਟੀਵਲ (IISF) ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ 'ਵਿਗਿਆਨ ਸੇ ਸਮ੍ਰਿੱਧੀ: ਆਤਮਨਿਰਭਰ ਭਾਰਤ ਲਈ' ਦੇ ਦ੍ਰਿਸ਼ਟੀਕੋਣ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ। IIS,F ਦੇਸ਼ ਦੇ ਨੌਜਵਾਨਾਂ ਵਿੱਚ ਵਿਗਿਆਨ, ਤਕਨਾਲੋਜੀ ਅਤੇ ਨਵੀਆਂ ਕਾਢਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਮੰਤਰਾਲੇ ਦਾ ਇੱਕ ਸਾਲਾਨਾ ਉਦੇਸ਼ਪੂਰਣ ਪ੍ਰੋਗਰਾਮ ਏ ।

---------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਪਿਛਲੇ ਮਹੀਨੇ ਅੰਮ੍ਰਿਤਸਰ ਦੇ ਰਾਜਾ ਸਾਂਸੀ ਵਿਖੇ ਇਟਲੀ ਸਥਿਤ ਮਲਕੀਤ ਸਿੰਘ ਦੇ ਬੇਰਹਿਮੀ ਨਾਲ ਕਤਲ ਵਿੱਚ ਸ਼ਾਮਲ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ । ਉਨ੍ਹਾਂ ਦੇ ਕਬਜ਼ੇ ਵਿੱਚੋਂ ਪੰਜ ਆਧੁਨਿਕ ਹਥਿਆਰ ਅਤੇ 20 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ. ਪੁਲਿਸ ਹਲਕਿਆਂ ਮੁਤਾਬਿਕ, ਉਨ੍ਹਾਂ ਦੀ ਪਛਾਣ

ਬਿਕਰਮਜੀਤ ਸਿੰਘ ਅਤੇ ਕਰਨਬੀਰ ਸਿੰਘ ਵਜੋਂ ਹੋਈ ਏ. ਦੋਵੇਂ ਅੰਮ੍ਰਿਤਸਰ ਦੇ ਦੋ ਵੱਖ-ਵੱਖ ਪਿੰਡਾਂ ਦੇ ਵਸਨੀਕ ਨੇ. ਉਹ ਦਹਿਸ਼ਤਗਰਦ ਜਥੇਬੰਦੀ ਖਾਲਿਸਤਾਨ ਲਿਬਰੇਸ਼ਨ ਫੋਰਸ (KLF) ਨਾਲ ਜੁੜੇ ਹੋਏ ਸਨ। ਬਿਕਰਮਜੀਤ ਦਾ ਅਪਰਾਧਿਕ ਰਿਕਾਰਡ ਏ ਜਿਸ 'ਤੇ ਵਿਸਫੋਟਕ ਐਕਟ, ਕਤਲ ਦੀ ਕੋਸ਼ਿਸ਼ ਅਤੇ ਅਸਲਾ ਐਕਟ ਤਹਿਤ ਕੇਸ ਦਰਜ ਨੇ. ਉਹ 2018 ਵਿੱਚ ਰਾਜਾ ਸਾਂਸੀ ਵਿਖੇ ਇੱਕ ਧਾਰਮਿਕ ਸਥਾਨ 'ਤੇ ਹੋਏ ਗ੍ਰਨੇਡ ਹਮਲੇ ਵਿੱਚ ਵੀ ਸ਼ਾਮਲ ਸੀ।

---------------------------------------------------------------

ਪੰਜਾਬ ਸਰਕਾਰ ਅੱਜ ਗੁਰਦਾਸਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ ਦਾ ਦੂਜਾ ਗੇੜ੍ਹ ਕਰਾ ਰਹੀ ਏ. ਇਸ ਬਾਰੇ ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਸੀ ਕਿ ਸਪੀਕਰ ਦੇ ਨਾਲ-ਨਾਲ ਵੱਖ-ਵੱਖ ਕੈਬਨਿਟ ਮੰਤਰੀ, ਇਨ੍ਹਾਂ ਸਮਾਗਮਾਂ ਵਿੱਚ ਹਿੱਸਾ ਲੈਣਗੇ । ਫਾਜ਼ਿਲਕਾ

ਵਿੱਚ ਲਾਈਟ ਐਂਡ ਸਾਊਂਡ ਸ਼ੋਅ ਸ਼ਹੀਦ ਭਗਤ ਸਿੰਘ ਸਪੋਰਟਸ ਸਟੇਡੀਅਮ ਵਿੱਚ ਹੋ ਰਿਹਾ ਏ, ਜਿੱਥੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਹਿੱਸਾ ਲੈ ਰਹੇ ਨੇ. ਹੁਸ਼ਿਆਰਪੁਰ ਵਿੱਚ, ਇਹ ਸ਼ੋਅ ਮਲਟੀਪਰਪਜ਼ ਆਊਟਡੋਰ ਸਟੇਡੀਅਮ, ਲਾਜਵੰਤੀ ਵਿਖੇ ਕਰਾਇਆ ਜਾ ਰਹੀਆ ਏ. ਫਰੀਦਕੋਟ ਵਿੱਚ ਇਹ ਸ਼ੋਅ ਨਹਿਰੂ ਸਟੇਡੀਅਮ ਵਿੱਚ ਹੋ ਰਿਹਾ ਏ , ਜਿੱਥੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਇਸ ਮੌਕੇ ਦੀ ਸ਼ੋਭਾ ਵਧਾਉਣਗੇ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਹੋਰਨਾਂ ਪਤਵੰਤਿਆਂ ਨਾਲ ਹਿੱਸਾ ਲੈ ਰਹੇ ਨੇ. ਗੁਰਦਾਸਪੁਰ ਜ਼ਿਲ੍ਹੇ ਵਿੱਚ, ਲਾਈਟ ਐਂਡ ਸਾਊਂਡ ਸ਼ੋਅ, ।T। ਬਟਾਲਾ ਵਿਖੇ ਹੋ ਰਿਹਾ ਏ, ਜਿੱਥੇ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਮੌਜੂਦ ਰਹਿਣਗੇ. ਇਹ ਜ਼ਿਕਰਯੋਗ ਏ ਕਿ ਅਗਲੇ ਗੇੜ੍ਹ ਵਿੱਚ, ਪੰਜਾਬ ਸਰਕਾਰ 11, 14, 17 ਅਤੇ 20 ਨਵੰਬਰ ਨੂੰ ਰਾਜ ਦੇ ਬਾਕੀ ਜ਼ਿਲ੍ਹਿਆਂ ਵਿੱਚ ਇਹ ਲਾਈਟ ਐਂਡ ਸਾਊਂਡ ਸ਼ੋਅ ਕਰਾਏਗੀ.

---------------------------------------------------

ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪਿਛਲੇ ਦਿਨੀਂ ਹੋਈ ਭਾਰੀ ਬਾਰਿਸ਼ ਨਾਲ ਪ੍ਰਭਾਵਿਤ ਲੰਬੀ ਹਲਕੇ ਦੇ ਪਿੰਡ ਰੱਤਾ-ਟਿੱਬਾ ਦੇ 256 ਪਰਿਵਾਰਾਂ ਨੂੰ ਘਰਾਂ ਦੇ ਹੋਏ ਨੁਕਸਾਨ ਲਈ ਮਾਲੀ ਸਹਾਇਤਾ ਸਬੰਧੀ ਸੈਂਕਸ਼ਨ ਪੱਤਰ ਤਕਸੀਮ ਕੀਤੇ ਗਏ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿਛਲੀ ਦਿਨੀਂ ਹੋਈ ਭਾਰੀ ਬਾਰਿਸ਼ ਦੌਰਾਨ ਲੋਕਾਂ ਦਾ ਬਹੁਤ ਨੁਕਸਾਨ ਹੋਇਆ ਏ. ਉਨ੍ਹਾਂ ਕਿਹਾ ਕਿ ਵੱਖ-ਵੱਖ ਪਿੰਡਾਂ ‘ਚ ਕਈ ਘਰਾਂ ਦੀਆਂ ਛੱਤਾਂ ਡਿੱਗੀਆਂ ਨੇ ਅਤੇ ਹੋਰ ਵੀ ਨੁਕਸਾਨ ਹੋਇਆ ਏ । ਇਸ ਸਬੰਧੀ ਉਨ੍ਹਾਂ ਅੱਜ ਪਿੰਡ ਰੱਤਾ-ਟਿੱਬਾ ਦੇ ਪਰਿਵਾਰਾਂ ਨੂੰ ਨੁਕਸਾਨੇ ਘਰਾਂ ਲਈ ਮਾਲੀ ਸਹਾਇਤਾ ਸਬੰਧੀ ਸੈਂਕਸ਼ਨ ਪੱਤਰ ਦਿੱਤੇ ਨੇ.

-----------------------------------------------------------

ਭਾਰਤ ਅਤੇ ਆਸਟ੍ਰੇਲੀਆ ਵਿਚਕਾਰ ਬ੍ਰਿਸਬੇਨ ਦੇ ਗਾਬਾ ਵਿਖੇ ਪੰਜਵਾਂ ਅਤੇ ਆਖਰੀ twenty – twenty ਕ੍ਰਿਕੇਟ ਮੈਚ ਖਰਾਬ ਮੌਸਮ ਕਾਰਨ ਰੱਦ ਕਰ ਦਿੱਤਾ ਗਿਆ, ਜਿਸ ਨਾਲ ਭਾਰਤ ਨੇ 2-1 ਨਾਲ ਲੜੀ ਜਿੱਤ ਲਈ ਏ। ਮੈਚ ਰੋਕੇ ਜਾਣ ਤਕ ਭਾਰਤ ਨੇ ਚਾਰ ਓਵਰਾਂ ਅਤੇ ਪੰਜ ਗੇਂਦਾਂ ਵਿੱਚ ਬਿਨਾਂ ਕਿਸੇ ਨੁਕਸਾਨ ਦੇ 52 ਦੌੜਾਂ ਬਣਾਈਆਂ ਸਨ। ਸ਼ੁਭਮਨ

ਗਿੱਲ ਨੇ 29 ਦੌੜਾਂ ਅਤੇ ਅਭਿਸ਼ੇਕ ਸ਼ਰਮਾ ਨੇ 23 ਦੌੜਾਂ ਬਣਾਈਆਂ. ਅਭਿਸ਼ੇਕ ਨੂੰ player of the series ਚੁਣਿਆ ਗਿਆ।

-----------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਾਰਾਣਸੀ ਰੇਲਵੇ ਸਟੇਸ਼ਨ ਤੋਂ ਪੰਜਾਬ ‘ਚ ਫਿਰੋਜ਼ਪੁਰ- ਦਿੱਲੀ ਵੰਦੇ ਭਾਰਤ ਰੇਲਗੱਡੀ ਸਮੇਤ ਚਾਰ ਨਵੀਆਂ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ।

- ਰੇਲ ਰਾਜ ਮੰਤਰੀ, ਸ਼੍ਰੀ ਰਵਨੀਤ ਸਿੰਘ ਬਿੱਟੂ ਨੇ ਕਿਹੈ ਕਿ ਇਹ ਰੇਲਗੱਡੀ ਮਾਲਵਾ ਖੇਤਰ ਲਈ ਵਰਦਾਨ ਸਾਬਤ ਹੋਵੇਗੀ.
- ਭਾਰਤੀ ਚੋਣ ਕਮਿਸ਼ਨ ਨੇ ਤਰਨਤਾਰਨ ਦੀ ਐਸਐਸਪੀ ਡਾ. ਰਵਜੋਤ ਕੌਰ ਗਰੇਵਾਲ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰਨ ਦੇ ਨਿਰਦੇਸ਼ ਦਿੱਤੇ ਨੇ.

- ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਬਟਾਲਾ ਚ ਨਵੇਂ ਬਣੇ ਤਹਿਸੀਲ ਕੰਪਲੈਕਸ ਦੀ ਇਮਾਰਤ ਦਾ ਉਦਘਾਟਨ ਕੀਤਾ.
- ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਇਸ ਸਾਲ 6 ਤੋਂ 9 ਦਸੰਬਰ ਤੱਕ 11ਵੇਂ ਭਾਰਤੀ ਅੰਤਰਰਾਸ਼ਟਰੀ ਸਾਇੰਸ ਫੈਸਟੀਵਲ 2025 ਦੀ ਮੇਜ਼ਬਾਨੀ ਕਰੇਗੀ।
- ਭਾਰਤ ਅਤੇ ਆਸਟ੍ਰੇਲੀਆ ਵਿਚਕਾਰ ਬ੍ਰਿਸਬੇਨ ਦੇ ਗਾਬਾ ਵਿਖੇ ਪੰਜਵਾਂ ਅਤੇ ਆਖਰੀ twenty – twenty ਕ੍ਰਿਕੇਟ ਮੈਚ ਖਰਾਬ ਮੌਸਮ ਕਾਰਨ ਰੱਦ ਕਰ ਦਿੱਤਾ ਗਿਆ, ਜਿਸ ਨਾਲ ਭਾਰਤ ਨੇ 2-1 ਨਾਲ ਲੜੀ ਜਿੱਤ ਲਈ ਏ।

---------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**